20462784
19/4/2021

ਡਾ.ਸ਼ਾ-2
19/4/21

**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ, ਐਸ.ਏ.ਐਸ. ਨਗਰ**

**(ਬੇਜਟ ਸ਼ਾਖਾ)**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ:ਸਿੱ) ਪੰਜਾਬ,
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ:ਸਿੱ) ਪੰਜਾਬ,
ਸਮੂਹ,ਸਕੂਲ ਮੁੱਖੀ, ਸਰਕਾਰੀ ਸਕੂਲ ਪੰਜਾਬ,
ਸਮੂਹ ਬੀ.ਪੀ.ਈ.ਓ. ਪੰਜਾਬ।
ਮੀਮੋ ਨੰ: 12/2-2017 ਬਜਟ (5)/2021131438
ਮਿਤੀ ਐਸ.ਏ.ਐਸ ਨਗਰ 19.4.2021

ਵਿਸ਼ਾ: ਪੈਨਸ਼ਨ ਕੇਸਾਂ ਅਤੇ ਪੈਨਸ਼ਨਰਾਂ ਦਾ ਡਾਟਾ ਈ.ਪੰਜਾਬ ਪੋਰਟਲ ਤੇ ਅਪਲੋਡ ਕਰਨ ਸਬੰਧੀ।

ਹਵਾਲਾ: ਮਾਨਯੋਗ ਸਕੱਤਰ ਸਕੂਲ ਸਿੱਖਿਆ ਜੀ ਦੇ ਹੁਕਮ ਪੱਤਰ ਨੰ. 12/02-2017 ਬ(5)2020255001 ਮਿਤੀ: 13.10.2020 ਅਤੇ ਇਸ ਦਫਤਰ ਦੇ ਪੱਤਰ ਨੰ: 12/02-2017ਬ(5) ਮਿਤੀ 14.10.2020 ਸਬੰਧ ਵਿੱਚ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿਚ ਆਪ ਨੂੰ ਹਵਾਲਾ ਅਧੀਨ ਪੱਤਰਾਂ ਰਾਹੀਂ ਸੂਚਿਤ ਕੀਤਾ ਗਿਆ ਸੀ ਕਿ ਸਿੱਖਿਆ ਵਿਭਾਗ ਵਲੋਂ ਪੈਨਸ਼ਨ ਕੇਸਾਂ ਦੀ ਮੋਨੀਟਰਿੰਗ ਲਈ ਈ-ਪੰਜਾਬ ਸਕੂਲ ਪੋਰਟਲ ਉੱਤੇ ਇਕ ਆਨਲਾਈਨ ਸਾਫਟਵੇਅਰ ਤਿਆਰ ਕੀਤਾ ਗਿਆ ਹੈ । ਇਸ ਪੋਰਟਲ ਤੇ ਇਹ ਸੂਚਨਾ ਸਰਲ ਤਰੀਕੇ ਨਾਲ ਭਰਨ ਲਈ ਪੋਰਟਲ ਨੂੰ ਅਪਡੇਟ ਕੀਤਾ ਗਿਆ ਹੈ। ਆਪ ਨੂੰ ਇਸ ਸਬੰਧੀ ਲਿਖਿਆ ਜਾਂਦਾ ਹੈ ਕਿ ਸਕੂਲ ਮੁਖੀ ਵਲੋਂ ਈ-ਪੰਜਾਬ ਸਕੂਲ ਪੋਰਟਲ ਅਧੀਨ ਦਿੱਤੇ ਨਵੇਂ ਲਿੰਕ "Retire Benefits" ਦੀ ਮਦਦ ਨਾਲ ਜਾਣਕਾਰੀ ਭਰੀ ਜਾ ਸਕਦੀ ਹੈ ।

2.0 ਆਪ ਦੇ ਦਫਤਰ/ਸਕੂਲ ਦੇ ਅਗਲੇ 24-30 ਮਹੀਨਿਆਂ ਅੰਦਰ ਰਿਟਾਇਰ ਹੋਣ ਵਾਲੇ ਅਤੇ ਮਿਤੀ: 31.03.2021 ਤੱਕ ਰਿਟਾਇਰ ਹੋ ਚੁੱਕੇ ਕਰਮਚਾਰੀਆਂ, ਜਿਨ੍ਹਾਂ ਦੇ ਸਾਰੇ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਨਹੀਂ ਹੋਈ, ਦੇ ਪੈਨਸ਼ਨ ਕੇਸਾਂ ਸਬੰਧੀ ਵੇਰਵੇ ਮਿਤੀ: 25.04.2021 ਤੱਕ ਈ-ਪੰਜਾਬ ਪੋਰਟਲ ਤੇ ਅਪਲੋਡ ਕੀਤੇ ਜਾਣ। ਸਮੂਹ ਸਕੂਲ ਮੁੱਖੀ ਅਤੇ ਸਿਖਿਆ ਵਿਭਾਗ ਦੇ ਬਾਕੀ ਦਫਤਰ ਇਸ ਪੋਰਟਲ ਤੇ ਪੈਨਸ਼ਨ ਦੇ ਕੇਸਾਂ/ਰਿਟਾਇਰਲ ਲਾਭਾਂ ਦੀ ਅਦਾਇਗੀ ਸਬੰਧੀ ਜਾਣਕਾਰੀ ਹਰ ਮਹੀਨੇ ਦੀ 10 ਤਾਰੀਖ ਤੱਕ ਅਪਡੇਟ ਕਰਨਾ ਯਕੀਨੀ ਬਨਾਉਣਗੇ। ਸਬੰਧਤ ਜਿਲ੍ਹਾ ਸਿੱਖਿਆ ਅਫਸਰ, ਆਪਣੇ ਅਧੀਨ ਆਉਂਦੇ ਸਕੂਲਾਂ/ਦਫਤਰਾਂ ਵਲੋਂ ਅਪਲੋਡ ਕੀਤਾ ਗਿਆ ਡਾਟਾ ਵੈਰੀਫਾਈ ਕਰਨ ਉਪਰੰਤ ਹਰ ਮਹੀਨੇ ਦੀ 15 ਤਾਰੀਖ ਤੱਕ ਆਨਲਾਈਨ ਸਰਟੀਫਾਈ ਕਰਨਗੇ। ਇਸ ਉਪਰੰਤ ਇਹ ਸੂਚਨਾ ਮੁੱਖ ਦਫਤਰ ਵਿਖੇ ਚੈਕ ਕਰਨ ਉਪਰੰਤ ਹੀ ਕੰਪਾਈਲ ਕੀਤੀ ਜਾਵੇਗੀ।

3.0 ਜੇਕਰ ਪੈਨਸ਼ਨ ਕੇਸਾਂ/ਪੈਨਸ਼ਨਰਾਂ ਦਾ ਡਾਟਾ ਈ.ਪੰਜਾਬ ਪੋਰਟਲ ਤੇ ਅਪਲੋਡ ਕਰਨ ਸਬੰਧੀ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਸਬੰਧਤ ਸਕੂਲ/ਦਫਤਰ ਆਪਣੇ ਜਿਲ੍ਹੇ ਦੇ ਸਬੰਧਤ ਜਿਲ੍ਹਾ ਐਮ.ਆਈ.ਐਸ. ਵਿੰਗ ਦੇ ਕੋ-ਆਰਡੀਨੇਟਰ ਨਾਲ ਸੰਪਰਕ ਕਰ ਸਕਦੇ ਹਨ, ਜਿਨ੍ਹਾਂ ਦੇ ਮੋਬਾਇਲ ਨੰ. ਈ-ਪੰਜਾਬ ਸਕੂਲ ਪੋਰਟਲ ਉੱਤੇ ਉਪਲੱਬਧ ਹਨ।

4.0 ਇਸ ਸਬੰਧੀ ਸਕੂਲ ਡੀ.ਡੀ.ਓਜ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਜਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤ ਕੀਤੀ ਗਈ ਸੀ ਕਿ ਉਹ ਵੀ ਇਸ ਸਿਸਟਮ ਨੂੰ ਆਪਣੇ ਸਕੂਲ ਜਾਂ ਦਫਤਰ ਦੇ ਈ-ਪੰਜਾਬ ਸਕੂਲ ਪੋਰਟਲ ਤੇ ਲਾਗਇਨ ਆਈ.ਡੀ. ਵਿੱਚ ਜਾ ਕੇ ਚੰਗੀ ਤਰ੍ਹਾਂ ਸਮਝ ਲੈਣ ਅਤੇ ਪੈਨਸ਼ਨ ਕੇਸਾਂ/ਪੈਨਸ਼ਨਰਾਂ ਦਾ ਡਾਟਾ ਈ.ਪੰਜਾਬ ਪੋਰਟਲ ਤੇ ਸਮੇਂ ਸਮੇਂ ਤੇ ਅਪਲੋਡ ਕਰਨਾ ਯਕੀਨੀ ਬਣਾਉਣ। ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ। ਪ੍ਰੰਤੂ ਆਪ ਵਲੋਂ ਇਸ ਸਬੰਧੀ ਮੁਕੰਮਲ ਸੂਚਨਾ ਨਹੀਂ ਭਰੀ ਜਾ ਰਹੀ, ਜਿਸ ਕਾਰਨ ਪੈਨਸ਼ਨ ਪੋਰਟਲ ਉੱਤੇ ਸਹੀ ਸੂਚਨਾ ਜੈਨਰੇਟ ਨਹੀਂ ਹੋ ਪਾ ਰਹੀ। ਇਸ ਲਈ ਆਪ ਨੂੰ ਮੁੜ ਤੋਂ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਬੰਧੀ ਮੁਕੰਮਲ ਸੂਚਨਾ ਸਮੇਂ ਸਿਰ ਅਪਡੇਟ ਕਰਵਾਉਣੀ ਯਕੀਨੀ ਬਣਾਈ ਜਾਵੇ।

ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ)

ਉਪਰੋਕਤ ਦਾ ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ(ਐ:ਸਿ:), ਪੰਜਾਬ, ਐਸ.ਏ.ਐਸ. ਨਗਰ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ)

Scanned with CamScanner

## ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਮਾਨਸਾ।

ਪਿੱਠ ਅੰਕਣ ਨੰ:ਲੇਖਾ-2/ਪੈਨਸ਼ਨ ਡਾਟਾ/ 9021-29315 ਮਿਤੀ ਮਾਨਸਾ: 19/4/21

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀ ਪਾਲਣਾ ਇੰਨ-ਬਿਨ ਯਕੀਨੀ ਬਣਾਈ ਜਾਵੇ। ਕਿਸੇ ਵੀ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ। ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ।

19/04/21

ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ)
ਮਾਨਸਾ।

Scanned with CamScanner